# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :13-06-2026**

ਦੇਸ਼ ਦੇ ਪ੍ਰਧਾਨ ਮੰਤਰੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਭਾਰਤ ਦੇ ਨੌਜਵਾਨ ਵਿਗਿਆਨ, ਤਕਨਾਲੋਜੀ, ਪੁਲਾੜ, ਨਿਰਮਾਣ, ਸੈਮੀਕੰਡਕਟਰ ਅਤੇ ਡਰੋਨ ਵਰਗੇ ਖੇਤਰਾਂ ਵਿੱਚ ਸ਼ਾਨਦਾਰ ਸਫਲਤਾ ਪ੍ਰਾਪਤ ਕਰ ਰਹੇ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਭਾਰਤ ਅੱਜ ਦੁਨੀਆ ਦੇ ਮੋਹਰੀ ਸਟਾਰਟਅੱਪ ਹੱਬਾਂ ਵਿੱਚੋਂ ਇੱਕ ਐ ਅਤੇ ਛੋਟੇ ਕਸਬਿਆਂ ਅਤੇ ਪਿੰਡਾਂ ਦੇ ਨੌਜਵਾਨ ਇਸਦੀ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ। ਪ੍ਰਧਾਨ ਮੰਤਰੀ ਨੇ ਖੇਡਾਂ ਵਿੱਚ ਨੌਜਵਾਨਾਂ ਦੀ ਸ਼ਾਨਦਾਰ ਕਾਰਗੁਜਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਾਰਤੀ ਐਥਲੀਟਾਂ ਨੇ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਦੇਸ਼ ਦਾ ਨਾਮ ਰੌਸ਼ਨ ਕੀਤਾ ਏ। ਉਨ੍ਹਾਂ ਕਿਹਾ ਕਿ ਸਟਾਰਟਅੱਪ ਇੰਡੀਆ, ਡਿਜੀਟਲ ਇੰਡੀਆ, ਸਕਿੱਲ ਇੰਡੀਆ ਅਤੇ ਅਟਲ ਇਨੋਵੇਸ਼ਨ ਮਿਸ਼ਨ ਵਰਗੀਆਂ ਪਹਿਲਕਦਮੀਆਂ ਨੇ ਨਵੀਨਤਾ ਅਤੇ ਉੱਦਮਤਾ ਨੂੰ

ਉਤਸ਼ਾਹਿਤ ਕੀਤਾ ਏ। ਸ੍ਰੀ ਮੋਦੀ ਨੇ ਕਿਹਾ ਕਿ ਪਿਛਲੇ 12 ਸਾਲਾਂ ਤੋਂ, ਐਨਡੀਏ ਸਰਕਾਰ ਨੌਜਵਾਨਾਂ ਦੀ ਅਗਵਾਈ ਵਾਲੇ ਵਿਕਾਸ ਨੂੰ ਉਤਸ਼ਾਹਿਤ ਕਰ ਰਹੀ ਏ।

---------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਉਪ ਰਾਸ਼ਟਰਪਤੀ ਅਤੇ ਕੇਂਦਰੀ ਮੰਤਰੀਆਂ ਨਾਲ ਕਈ ਮਹੱਤਵਪੂਰਨ ਮੀਟਿੰਗਾਂ ਕੀਤੀਆਂ ਨੇ, ਜਿਸ ਵਿੱਚ ਪੰਜਾਬ ਅਤੇ ਚੰਡੀਗੜ੍ਹ ਵਿੱਚ ਸ਼ਾਸਨ, ਸੱਭਿਆਚਾਰ, ਖੇਡਾਂ ਅਤੇ ਕਾਨੂੰਨੀ ਬੁਨਿਆਦੀ ਢਾਂਚੇ ਨਾਲ ਸਬੰਧਤ ਮਾਮਲਿਆਂ 'ਤੇ ਚਰਚਾ ਕੀਤੀ ਗਈ ਏ। ਉਪ ਰਾਸ਼ਟਰਪਤੀ, ਸੀ. ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਦੌਰਾਨ, ਉਨ੍ਹਾਂ ਨੇ ਉਨ੍ਹਾਂ ਨੂੰ ਪੰਜਾਬ ਅਤੇ ਚੰਡੀਗੜ੍ਹ ਨਾਲ ਸਬੰਧਤ ਵੱਖ-ਵੱਖ ਵਿਕਾਸ ਪਹਿਲਕਦਮੀਆਂ ਅਤੇ ਪ੍ਰਸ਼ਾਸਕੀ ਤਰਜੀਹਾਂ ਤੋਂ ਜਾਣੂ ਕਰਵਾਇਆ ਅਤੇ ਜਨਤਕ ਮਹੱਤਵ ਦੇ ਮੁੱਦਿਆਂ 'ਤੇ ਵਿਚਾਰ ਵੀ ਸਾਂਝੇ ਕੀਤੇ ਨੇ। ਇਸ ਤੋਂ ਬਾਅਦ ਉਨ੍ਹਾਂ ਕੇਂਦਰੀ ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ, ਗਜੇਂਦਰ ਸਿੰਘ ਸ਼ੇਖਾਵਤ ਨਾਲ ਮੁਲਾਕਾਤ ਕੀਤੀ ਅਤੇ ਚੰਡੀਗੜ੍ਹ ਵਿੱਚ ਸਰਕਾਰੀ

ਅਜਾਇਬ ਘਰ ਅਤੇ ਆਰਟ ਗੈਲਰੀ ਦੇ ਅਪਗ੍ਰੇਡੇਸ਼ਨ ਲਈ ਸਹਾਇਤਾ ਦੀ ਮੰਗ ਕੀਤੀ ਏ। ਇੱਕ ਹੋਰ ਮੀਟਿੰਗ ਵਿੱਚ ਰਾਜਪਾਲ ਨੇ ਨੇ ਕੇਂਦਰੀ ਯੁਵਾ ਮਾਮਲਿਆਂ ਅਤੇ ਖੇਡ ਮੰਤਰੀ, ਡਾ. ਮਨਸੁਖ ਮਾਂਡਵੀਆ ਨਾਲ ਮੁਲਾਕਾਤ ਕੀਤੀ ਅਤੇ ਚੰਡੀਗੜ੍ਹ ਦੇ ਪ੍ਰਮੁੱਖ ਅੰਤਰਰਾਸ਼ਟਰੀ ਖੇਡ ਸਮਾਗਮਾਂ ਦੀ ਮੇਜ਼ਬਾਨੀ ਦੀਆਂ ਤਜਵੀਜਾਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਪੰਜਾਬ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੀ ਸਹਾਇਤਾ ਦੀ ਮੰਗ ਕੀਤੀ। ਕੇਂਦਰੀ ਖੇਡ ਮੰਤਰੀ ਨੇ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ ਏ।

------------------------------------------------------------------------

ਕੇਂਦਰੀ ਪੈਟਰੋਲਿਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਕੱਲ੍ਹ ਲੁਧਿਆਣਾ 'ਚ  ਉਦਯੋਗਪਤੀਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ। ਇਸ ਮੌਕੇ BJP ਆਗੂਆਂ ਨਾਲ ਇਕ ਮੀਟਿੰਗ ਦੌਰਾਨ ਸ਼ਹਿਰ ਦੀਆਂ ਮੁੱਖ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸ਼ਾਸਨ ਦੇ 12 ਸਾਲ ਪੂਰੇ ਹੋਣ

ਦੇ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਲਗਾਤਾਰ ਤਿੰਨ ਵਾਰ ਪ੍ਰਧਾਨ ਮੰਤਰੀ ਬਣਨਾ ਮੋਦੀ ਦੀ ਕਾਰਜਸ਼ੈਲੀ, ਸਭ ਨੂੰ ਨਾਲ ਲੈ ਕੇ ਚੱਲਣ ਦੀ ਯੋਗਤਾ, ਦੇਸ਼ ਨੂੰ ਸੁਰੱਖਿਅਤ ਰੱਖਣ ਅਤੇ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਦੀ ਸੋਚ ਦਾ ਨਤੀਜਾ ਏ।

ਸ੍ਰੀ ਪੁਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਦੇਸ਼ ਨੇ ਵੱਡੇ ਅਤੇ ਔਖੇ ਫੈਸਲੇ ਲੈਣ ਦੀ ਸਮਰੱਥਾ ਦੇਖੀ ਏ। ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨੇ ਕਿਹਾ ਕਿ ਮੋਦੀ ਸਰਕਾਰ ਨੇ ਸੁਸ਼ਾਸਨ ਨੂੰ ਤਰਜੀਹ ਦਿੰਦਿਆਂ ਡਿਜ਼ਿਟਲ ਤਕਨਾਲੋਜੀ ਰਾਹੀਂ ਪ੍ਰਸ਼ਾਸਨ ਨੂੰ ਹੋਰ ਪਾਰਦਰਸ਼ੀ, ਜਵਾਬਦੇਹ ਅਤੇ ਪ੍ਰਭਾਵਸ਼ਾਲੀ ਬਣਾਇਆ ਏ ਜਿਸ ਨਾਲ ਆਮ ਲੋਕਾਂ ਤੱਕ ਸਰਕਾਰੀ ਸੇਵਾਵਾਂ ਅਤੇ ਯੋਜਨਾਵਾਂ ਦੀ ਪਹੁੰਚ ਆਸਾਨ ਹੋਈ ਏ।

---

ਗੁਰਦਾਸਪੁਰ ਨਗਰ ਕੌਂਸਲ ਚੋਣਾਂ ਲਈ ਸਵੇਰੇ ਅੱਠ ਵਜੇ ਤੋਂ ਵੋਟਾਂ ਪੈ ਰਹੀਆਂ ਨੇ। ਗੁਰਦਾਸਪੁਰ ਵਿੱਚ ਕੁੱਲ 29 ਵਾਰਡ ਅਤੇ 70 ਪੋਲਿੰਗ ਬੂਥ

ਬਣਾਏ ਗਏ ਨੇ। ਜਦਕਿ ਦੀਨਾਨਗਰ ਨਗਰ ਕੌਂਸਲ ਵਿੱਚ 15 ਵਾਰਡ ਅਤੇ 21 ਪੋਲਿੰਗ ਬੂਥ ਬਣਾਏ ਗਏ ਨੇ। ਵੋਟਾਂ ਈਵੀਐਮ ਮਸ਼ੀਨਾਂ ਰਾਹੀਂ ਪੈ ਰਹੀਆਂ ਨੇ। ਅੱਜ ਸ਼ਾਮੀ ਚਾਰ ਵਜੇ ਤੋਂ ਬਾਅਦ ਵੋਟਾਂ ਦੇ ਨਤੀਜੇ ਐਲਾਨੇ ਜਾਣ ਦੀ ਉਮੀਦ ਐ...

ਬਟਾਲਾ ਦੇ ਐੱਸਐੱਸਪੀ ਡਾਕਟਰ ਮਹਿਤਾਬ ਸਿੰਘ ਨੇ ਵੇਰਵੇ ਸਾਂਝੇ ਕਰਦਿਆਂ ਦੱਸਿਆ....

ਬਾਈਟ - ਐਸਐਸਪੀ ਡਾਕਟਰ ਮਹਿਤਾਬ ਸਿੰਘ

---------------------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਬੀਤੇ ਕੱਲ੍ਹ ਨਗਰ ਕੌਂਸਲਾਂ ਖਰੜ, ਡੇਰਾ ਬੱਸੀ, ਜ਼ੀਰਕਪੁਰ, ਨਵਾਂਗਾਓਂ, ਬਨੂੜ, ਕੁਰਾਲੀ ਅਤੇ ਘੜੂੰਆਂ ਲਈ ਵੱਖ-ਵੱਖ ਪ੍ਰਾਜੈਕਟਾਂ ਦਾ ਐਲਾਨ ਕੀਤਾ ਏ। ਉਨ੍ਹਾਂ ਦੱਸਿਆ ਕਿ ਟ੍ਰਾਈਸਿਟੀ ਮੁਹਾਲੀ, ਪੰਚਕੂਲਾ ਤੇ ਚੰਡੀਗੜ੍ਹ ਨਾਲ ਲੱਗਦੇ ਕਸਬਿਆਂ ਵਿੱਚ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਅਤੇ ਲੋਕ-ਪੱਖੀ ਸਹੂਲਤਾਂ ਨੂੰ ਬਿਹਤਰ ਬਣਾਉਣ ਦੀ ਦਿਸ਼ਾ ਵੱਲ ਅਹਿਮ

ਕਦਮ ਚੁੱਕਿਆ ਗਿਆ ਏ। ਮਿਊਂਸੀਪਲ ਭਵਨ ਵਿਖੇ ਕਾਰਜਕਾਰੀ ਅਧਿਕਾਰੀਆਂ ਨਾਲ ਚੱਲ ਰਹੇ ਵਿਕਾਸ ਕਾਰਜਾਂ ਦੇ ਵਿਕਾਸ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਸਮਾਂ ਹੱਦ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਹੁਕਮ ਦਿੱਤੇ ਨੇ।

---------------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਜ਼ਿਲ੍ਹੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਪੁਲਿਸ ਦੀ ਗਸ਼ਤ ਵਧਾਉਣ ਅਤੇ ਤੁਰੰਤ ਸੀਸੀਟੀਵੀ ਕੈਮਰੇ ਲਗਾਉਣ ਦੀ ਹਦਾਇਤਾ ਕੀਤੀ ਏ। ਜ਼ਿਲ੍ਹਾ ਸਿਹਤ ਬੋਰਡ ਦੀ ਮੀਟਿੰਗ ਦੌਰਾਨ ਉਨ੍ਹਾਂ ਓਟ ਕਲੀਨਿਕਾਂ ਦੀ ਸਖ਼ਤ ਨਿਗਰਾਨੀ ਲਈ ਸੁਰੱਖਿਆ ਗਾਰਡ ਤਾਇਨਾਤ ਕੀਤੇ ਜਾਣ ਦੇ ਨਿਰਦੇਸ਼ ਵੀ ਦਿੱਤੇ ਨੇ।